# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-06-2024**

ਭਾਰਤੀ ਜਨਤਾ ਪਾਰਟੀ ਨੇ ਆਜ਼ਾਦ ਭਾਰਤ ਦੇ ਲੋਕਤੰਤਰੀ ਇਤਿਹਾਸ ਵਿੱਚ ਕਾਲੇ ਅਧਿਆਏ ਵਜੋਂ ਦਰਜ ਐਮਰਜੈਂਸੀ ਦੀ ਵਰ੍ਹੇਗੰਢ ’ਤੇ, ਅੱਜ ਸੱਤਿਆਗ੍ਰਹਿ ਕਰਨ ਵਾਲਿਆਂ ਨੂੰ ਨਮਨ ਕੀਤਾ ਏ। BJP ਨੇ ਆਪਣੇ ਐਕਸ ਹੈਂਡਲ 'ਤੇ ਸਾਰਿਆਂ ਨੂੰ ਯਾਦ ਕਰਦਿਆਂ, ਭਾਰਤੀ ਲੋਕਤੰਤਰ ਅਤੇ ਰਾਜਨੀਤੀ ਦੇ ਸਭ ਤੋਂ ਕਾਲੇ ਅਧਿਆਏ ਐਮਰਜੈਂਸੀ 25 ਜੂਨ, 1975 ਦਾ ਵਿਰੋਧ ਕਰਨ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਆਸਥਾ ਨੂੰ ਸੰਜੋਕੇ ਰੱਖਣ ਵਾਲੇ ਸਾਰੇ ਸੱਤਿਆ-ਗ੍ਰਹੀਆਂ ਨੂੰ ਸਾਦਰ ਨਮਨ ਕੀਤਾ। ਜ਼ਿਕਰਯੋਗ ਏ ਕਿ 25 ਜੂਨ 1975 ਉਹ ਦਿਨ ਏ, ਜਿਹੜਾ ਦੇਸ਼ ਕਦੇ ਨਹੀਂ ਭੁੱਲੇਗਾ। ਇਸੇ ਦਿਨ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਦੀ ਸਲਾਹ ’ਤੇ ਰਾਸ਼ਟਰਪਤੀ

ਫਖਰੂਦੀਨ ਅਲੀ ਅਹਿਮਦ ਨੇ, ਦੇਸ਼ 'ਚ ਐਮਰਜੈਂਸੀ ਲਗਾਉਣ ਦਾ ਐਲਾਨ ਕੀਤਾ ਸੀ ।

--------------------------------------------------------

ਕੇਂਦਰੀ ਜਾਂਚ ਬਿਊਰੋ ਨੇ ਬਿਹਾਰ, ਗੁਜਰਾਤ ਅਤੇ ਰਾਜਸਥਾਨ ਵਿੱਚ ਰਾਸ਼ਟਰੀ ਯੋਗਤਾ ਤੇ ਪ੍ਰਵੇਸ਼ ਪ੍ਰੀਖਿਆ -NEET-UG ਵਿਚ ਕਥਿਤ ਬੇਨਿਯਮੀਆਂ ਦੇ ਪੰਜ ਮਾਮਲਿਆਂ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਏ । ਬਿਊਰੋ ਨੇ ਗੁਜਰਾਤ ਤੇ ਬਿਹਾਰ ਵਿੱਚ ਇੱਕ- ਇੱਕ ਨਵਾਂ ਮਾਮਲਾ ਵੀ ਦਰਜ ਕੀਤਾ ਏ । ਰਾਜਸਥਾਨ ਵਿੱਚ ਤਿੰਨ ਕੇਸ ਦਰਜ ਕੀਤੇ ਗਏ ਨੇ । ਬਿਊਰੋ ਮਹਾਰਾਸ਼ਟਰ ਦੇ ਲਾਤੂਰ ਦਾ ਇੱਕ ਹੋਰ ਮਾਮਲਾ ਵੀ ਆਪਣੇ ਹੱਥਾਂ ਵਿੱਚ ਲੈ ਸਕਦੀ ਏ । ਅਧਿਕਾਰੀਆਂ ਨੇ ਕਿਹਾ ਏ, ਕਿ ਬਿਹਾਰ ਵਿੱਚ ਕਥਿਤ ਪ੍ਰਸ਼ਨ ਪੱਤਰ ਲੀਕ ਦੇ ਸਬੰਧ ਵਿੱਚ ਪੁਲਿਸ ਨੇ ਇੱਕ ਪਹਿਲੀ ਸੂਚਨਾ ਰਿਪੋਰਟ ਦਰਜ ਕੀਤੀ ਸੀ । ਇਸ ਦੇ ਨਾਲ ਹੀ ਚਾਰ ਹੋਰ ਮਾਮਲੇ ਉਮੀਦਵਾਰ ਦੀ ਥਾਂ 'ਤੇ ਕਿਸੇ ਹੋਰ ਨੂੰ ਇਮਤਿਹਾਨ ਦੇ ਕੇ ਕਥਿਤ ਧਾਂਦਲੀ ਕਰਨ ਅਤੇ ਪ੍ਰੀਖਿਆ ਕੇਂਦਰ 'ਤੇ ਉਮੀਦਵਾਰਾਂ, ਸਥਾਨਕ

ਅਧਿਕਾਰੀਆਂ ਅਤੇ ਡਿਊਟੀ 'ਤੇ ਮੌਜੂਦ ਲੋਕਾਂ ਨਾਲ ਦੁਰਵਿਵਹਾਰ ਨਾਲ ਸਬੰਧਤ ਨੇ।

---------------------------------------------------------------

ਇਸ ਦੌਰਾਨ ਕੇਂਦਰੀ ਜਾਂਚ ਬਿਊਰੋ ਦੀ ਇੱਕ ਟੀਮ ਨੇ ਗੋਧਰਾ, ਗੁਜਰਾਤ ਵਿੱਚ ਸਥਾਨਕ ਪੁਲਿਸ ਨਾਲ ਮਿਲ ਕੇ ਨੀਟ ਪ੍ਰੀਖਿਆ ਵਿੱਚ ਹੋਈਆਂ ਬੇਨਿਯਮੀਆਂ ਦੀ ਜਾਂਚ ਸ਼ੁਰੂ ਕਰ ਦਿੱਤੀ ਏ। ਬਿਊਰੋ ਦੀ ਟੀਮ ਜਾਂਚ ਲਈ ਕੱਲ੍ਹ ਗੋਧਰਾ ਪਹੁੰਚੀ ਸੀ। 5 ਮਈ ਨੂੰ, NEET ਪ੍ਰੀਖਿਆ ਦੇ ਤਿੰਨ ਦਿਨ ਬਾਅਦ, ਗੋਧਰਾ ਵਿਖੇ ਇੱਕ ਪ੍ਰੀਖਿਆ ਕੇਂਦਰ ਵਿੱਚ ਬੇਨਿਯਮੀਆਂ ਨਾਲ ਸਬੰਧਤ ਕੁਝ ਸ਼ਿਕਾਇਤਾਂ 'ਤੇ ਇੱਕ ਐਫ ਆਈ ਆਰ ਦਰਜ ਕੀਤੀ ਗਈ ਸੀ। ਪੁਲਿਸ ਹੁਣ ਤੱਕ ਗੋਧਰਾ ਵਿੱਚ ਤੀਹ ਦੇ ਕਰੀਬ ਵਿਦਿਆਰਥੀਆਂ ਦੇ ਪ੍ਰਸ਼ਨ ਪੱਤਰ ਹੱਲ ਕਰਨ ਵਿੱਚ ਮਦਦ ਕਰਨ ਵਾਲੇ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਚੁੱਕੀ ਏ।

---------------------------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ, ਫਤਿਹਗੜ੍ਹ ਸਾਹਿਬ ਜ਼ਿਲੇ ਦੇ ਪਿੰਡ ਜਲਖੇੜੀ ਵਿਖੇ 10 ਮੈਗਾਵਾਟ ਬਾਇਓ-ਮਾਸ

ਪਾਵਰ ਪਲਾਂਟ ਦੇ ਮੁੜ ਚਾਲੂ ਹੋਣ ਦਾ ਐਲਾਨ ਕੀਤਾ ਏ। ਪਿੰਡ ਜਲਖੇੜੀ ਵਿਖੇ 10 ਮੈਗਾਵਾਟ ਬਾਇਓਮਾਸ ਪਲਾਂਟ ਮੂਲ ਰੂਪ ਵਿੱਚ PSEB ਨੇ ਜੂਨ 1992 ਵਿੱਚ ਚਾਲੂ ਕੀਤਾ ਸੀ । 2018 ਵਿੱਚ, ਪਲਾਂਟ ਨੂੰ ਨਵੀਨੀਕਰਨ, ਸੰਚਾਲਨ ਅਤੇ ਟ੍ਰਾਂਸਫਰ ਦੇ ਆਧਾਰ 'ਤੇ ਲੀਜ਼ 'ਤੇ ਦੇਣ ਲਈ ਮੁੜ ਟੈਂਡਰ ਕੀਤਾ ਗਿਆ । ਹੁਣ ਨਵੀਨੀਕ੍ਰਿਤ ਪਲਾਂਟ ਇਸ 21 ਜੂਨ ਨੂੰ ਮੁੜ ਚਾਲੂ ਕੀਤਾ ਗਿਆ ਏ । ਇਹ ਉੱਨਤ ਡੈਨਮਾਰਕ ਤਕਨਾਲੋਜੀ ਵਾਲੇ ਬਾਇਲਰਾਂ ਦੀ ਵਰਤੋਂ ਕਰਦਾ ਏ ਅਤੇ 100 ਫੀਸਦੀ ਝੋਨੇ ਦੀ ਨਾੜ ਦੀ ਵਰਤੋਂ ਕਰਕੇ ਬਿਜਲੀ ਪੈਦਾ ਕਰਨ ਲਈ ਤਿਆਰ ਕੀਤਾ ਗਿਆ ਏ । ਇਸ ਨਾਲ ਪੰਜਾਬ ਲਈ ਵਾਤਾਵਰਣ ਅਤੇ ਆਰਥਿਕ ਲਾਭ ਹੋਣਗੇ ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਆਪਣੇ ਹਲਕੇ ਕੋਟਕਪੂਰਾ ਤੇ ਆਸ ਪਾਸ ਦੇ ਇਲਾਕਿਆਂ ਨੂੰ ਆਉਣ ਵਾਲੀਆਂ ਬਾਰਿਸ਼ਾਂ ਤੋਂ ਪਹਿਲਾਂ ਹੜ੍ਹ ਮੁਕਤ ਕਰਾਉਣ ਲਈ, ਵਿੱਢੇ ਗਏ ਕਾਰਜਾਂ ਨੂੰ ਸਮੇਂ ਸਿਰ ਜੰਗੀ ਪੱਧਰ ਤੇ ਮੁਕੰਮਲ ਕਰਨ ਦੇ ਹੁਕਮ ਜਾਰੀ

ਕਰਦਿਆਂ, ਕਲ ਹਰ ਛੋਟੇ ਵੱਡੇ ਕੰਮ ਦਾ ਜਾਇਜ਼ਾ ਲਿਆ। ਬੀ.ਡੀ.ਪੀ.ਓ ਦਫਤਰ ਕੋਟਕਪੂਰਾ ਵਿਖੇ ਆਮ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਤੋਂ ਪਹਿਲਾਂ ਉਨਾਂ ਨਗਰ ਕੌਂਸਲ, ਡਰੇਨਜ਼ ਅਤੇ ਬਿਜਲੀ ਵਿਭਾਗਾਂ ਦੇ ਨੁਮਾਇੰਦਿਆਂ ਨਾਲ ਉਚੇਚੇ ਤੌਰ ਤੇ ਹੜ੍ਹ ਪ੍ਰਬੰਧਨ ਅਤੇ ਬਿਜਲੀ ਦੀ ਘਾਟ ਸਬੰਧੀ ਹਰ ਪਹਿਲੂ ਤੇ ਬਾਰੀਕੀ ਨਾਲ ਵਿਚਾਰ ਵਟਾਂਦਰਾ ਕੀਤਾ। ਗੱਲਬਾਤ ਦੌਰਾਨ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮੀਂਹਾਂ ਦੀ ਰੁੱਤ ਸ਼ੁਰੂ ਹੋਣ ਤੋਂ ਪਹਿਲਾਂ, ਸਾਰੇ ਅਗਾਊਂ ਪ੍ਰਬੰਧ ਹਰ ਹੀਲੇ ਮੁਕੰਮਲ ਹੋ ਜਾਣੇ ਚਾਹੀਦੇ ਨੇ।

---------------------------------------------------

ਹੁਸ਼ਿਆਰਪੁਰ ਤੋਂ ਚਾਰ ਵਾਰ ਲੋਕ ਸਭਾ ਸਾਂਸਦ ਰਹੇ, ਭਾਰਤੀ ਜਨਤਾ ਪਾਰਟੀ ਦੇ ਨੇਤਾ ਸਕੁਆਡ੍ਰਨ ਲੀਡਰ ਕਮਲ ਚੌਧਰੀ ਦਾ ਅੱਜ ਸਵੇਰੇ ਦਿੱਲੀ ਵਿੱਚ ਦੇਹਾਂਤ ਹੋ ਗਿਆ। ਉਹ 76 ਵਰ੍ਹਿਆਂ ਦੇ ਸਨ। ਕਮਲ ਚੌਧਰੀ 1985 ਵਿੱਚ ਉਨਾਂ ਦੇ ਪਿਤਾ ਸੁਤੰਤਰਤਾ ਸੈਨਾਨੀ ਅਤੇ ਪ੍ਰਮੁੱਖ ਸਮਾਜਵਾਦੀ ਨੇਤਾ, ਚੌਧਰੀ ਬਲਵੀਰ ਸਿੰਘ ਦੀ ਅੱਤਵਾਦੀਆਂ ਵੱਲੋਂ ਕੀਤੀ ਗਈ ਹੱਤਿਆ ਤੋਂ ਬਾਅਦ, ਪਹਿਲੀ ਵਾਰ ਕਾਂਗਰਸ ਦੀ ਟਿਕਟ ਤੋਂ

ਸਾਂਸਦ ਬਣੇ ਸਨ । ਉਹ ਹੁਸ਼ਿਆਰਪੁਰ ਤੋਂ ਤਿੰਨ ਵਾਰ 1985, 1989 ਅਤੇ 1992 ਵਿੱਚ ਕਾਂਗਰਸ ਦੀ ਟਿਕਟ ਤੇ ਲੋਕ ਸਭਾ ਸਾਂਸਦ ਰਹੇ ਅਤੇ ਇੱਕ ਵਾਰ 1998 ਵਿੱਚ ਭਾਰਤੀ ਜਨਤਾ ਪਾਰਟੀ ਦੀ ਟਿਕਟ ਤੇ ਲੋਕ ਸਭਾ ਲਈ ਸਾਂਸਦ ਚੁਣੇ ਗਏ ਸਨ । ਸਾਂਸਦ ਰਹਿੰਦਿਆਂ ਉਹ ਰੱਖਿਆ ਮਾਮਲਿਆਂ ਦੀ ਸਥਾਈ ਸੰਸਦੀ ਸਮਿਤੀ ਦੇ ਚੇਅਰਮੈਨ ਵੀ ਰਹੇ।

-----------------------------------------------------

ਮਰਦਾਂ ਦੇ ਆਈ.ਸੀ.ਸੀ ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਵਿੱਚ ਬੀਤੀ ਸ਼ਾਮ ਸੇਂਟ ਲੂਸੀਆ ਵਿੱਚ ਹੋਏ ਸੁਪਰ-ਏਟ ਮੁਕਾਬਲੇ ਵਿੱਚ, ਭਾਰਤ ਨੇ ਆਸਟਰੇਲੀਆ ਨੂੰ 24 ਦੌੜਾਂ ਨਾਲ ਹਰਾਇਆ । ਇਸ ਜਿੱਤ ਨਾਲ ਭਾਰਤ ਨੇ ਸੈਮੀਫਾਈਨਲ 'ਚ ਪ੍ਰਵੇਸ਼ ਕਰ ਲਿਆ ਏ । ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤੀ ਟੀਮ ਨੇ ਨਿਰਧਾਰਤ 20 ਓਵਰਾਂ ਵਿੱਚ ਪੰਜ ਵਿਕਟਾਂ ’ਤੇ 205 ਦੌੜਾਂ ਬਣਾਈਆਂ । ਕਪਤਾਨ ਰੋਹਿਤ ਸ਼ਰਮਾ ਨੇ 41 ਗੇਂਦਾਂ ਵਿੱਚ 92 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ । 206 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਆਸਟਰੇਲਿਆ ਦੀ ਟੀਮ 20 ਓਵਰਾਂ ਵਿੱਚ ਸੱਤ ਵਿਕਟਾਂ ’ਤੇ 181 ਦੌੜਾਂ ਹੀ ਬਣਾ ਸਕੀ ।

---------------------------------------------------------------

ਬਠਿੰਡਾ ਪੁਲਿਸ ਨੇ 21 ਤੋਂ 23 ਜੂਨ ਤੱਕ ਤਿੰਨ ਦਿਨਾਂ ਐਂਟੀ ਡਰੱਗ ਕ੍ਰਿਕਟ ਲੀਗ ਕਰਵਾਈ, ਜਿਸ ਵਿੱਚ 16 ਕ੍ਰਿਕਟ ਟੀਮਾਂ ਨੇ ਹਿੱਸਾ ਲਿਆ। ਐੱਸ.ਐੱਸ.ਪੀ. ਦੀਪਕ ਪਾਰੀਕ ਨੇ ਦੱਸਿਆ ਕਿ ਪਹਿਲੇ ਦਿਨ ਕੁੱਲ 8 ਮੈਚ ਕਰਵਾਏ ਗਏ । ਜਿਨ੍ਹਾਂ 'ਚੋਂ 4 ਟੀਮਾਂ ਨੇ ਸੈਮੀਫਾਈਨਲ ਮੁਕਾਬਲੇ ਵਿੱਚ ਆਪਣੀ ਜਗ੍ਹਾ ਬਣਾਈ । ਫਾਈਨਲ ਮੈਚ ਵਿਚ ਮਨੋਜ ਗਿਰੀ ਦੀ ਟੀਮ ਨੇ ਕਰਮਗੜ੍ਹ ਛੱਤਰਾਂ ਨੂੰ ਹਰਾਇਆ। ਜੇਤੂ ਟੀਮ ਨੂੰ 11 ਹਜ਼ਾਰ ਰੁਪਏ ਅਤੇ ਟਰਾਫੀ ਦਿੱਤੀ ਗਈ । ਇਸ ਦੌਰਾਨ ਵੱਖ-ਵੱਖ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੇ, ਸਟੇਜ ਰਾਹੀਂ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੀ ਅਪੀਲ ਕੀਤੀ। ਇਸ ਲੀਗ ਵਿੱਚ ਜਿਮਨਾਸਟਿਕ, ਭੰਗੜਾ, ਗਾਇਕੀ ਅਤੇ ਕੋਰਿਓ-ਗ੍ਰਾਫੀ ਰਾਹੀਂ ਦਰਸ਼ਕਾਂ ਦਾ ਮਨੋਰੰਜਨ ਵੀ ਕੀਤਾ ਗਿਆ ।